# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

## 13:10

**ਮਿਤੀ :28-02-2026**

ਅੱਜ ਦੇਸ਼ ਭਰ ਵਿੱਚ ਰਾਸ਼ਟਰੀ ਵਿਗਿਆਨ ਦਿਵਸ ਮਨਾਇਆ ਜਾ ਰਿਹਾ ਏ। ਇਹ ਦਿਨ ਹਰ ਸਾਲ 28 ਫਰਵਰੀ ਨੂੰ ਮਹਾਨ ਭੌਤਿਕ ਵਿਗਿਆਨੀ ਸਰ ਸੀ.ਵੀ. ਰਮਨ ਵਲੋਂ 'ਰਮਨ ਪ੍ਰਭਾਵ' ਦੀ ਖੋਜ ਦੀ ਯਾਦ ਵਿੱਚ ਮਨਾਇਆ ਜਾਂਦਾ ਏ। ਇਸ ਮਹੱਤਵਪੂਰਨ ਖੋਜ ਲਈ, ਸਰ ਰਮਨ ਨੂੰ 1930 ਵਿੱਚ ਨੋਬਲ ਪੁਰਸਕਾਰ ਨਾਲ ਸਨਮਾਨਿਤ ਕੀਤਾ ਗਿਆ। ਰਾਸ਼ਟਰੀ ਵਿਗਿਆਨ ਦਿਵਸ ਦੇ ਮੌਕੇ 'ਤੇ, ਦੇਸ਼ ਭਰ ਵਿੱਚ ਵੱਖ-ਵੱਖ ਵਿਸ਼ਿਆਂ 'ਤੇ ਅਧਾਰਤ ਵਿਗਿਆਨ ਸੰਚਾਰ ਗਤੀਵਿਧੀਆਂ ਦਾ ਆਯੋਜਨ ਕੀਤਾ ਜਾਂਦਾ ਏ। ਵਿਗਿਆਨ ਅਤੇ ਤਕਨਾਲੋਜੀ ਮੰਤਰਾਲੇ ਦਾ ਵਿਗਿਆਨ ਅਤੇ ਤਕਨਾਲੋਜੀ ਵਿਭਾਗ, ਨਵੀਂ ਦਿੱਲੀ ਦੇ ਵਿਗਿਆਨ ਭਵਨ ਵਿਖੇ ਇੱਕ ਰਾਸ਼ਟਰੀ ਪੱਧਰੀ ਸਮਾਰੋਹ ਕਰਵਾ ਜਾ ਰਿਹਾ ਏ। ਇਸ ਸਾਲ ਦਾ ਥੀਮ "ਵਿਗਿਆਨ ਵਿੱਚ ਔਰਤਾਂ: ਇੱਕ ਵਿਕਸਤ ਭਾਰਤ ਲਈ ਉਤਪ੍ਰੇਰਕ" ਰੱਖਿਆ ਗਿਆ ਏ। ਇਹ ਥੀਮ ਵਿਗਿਆਨਕ ਤਰੱਕੀ ਨੂੰ ਭਾਰਤ ਦੇ ਇੱਕ ਵਿਕਸਤ ਰਾਸ਼ਟਰ ਬਣਨ ਦੇ ਦ੍ਰਿਸ਼ਟੀਕੋਣ ਨਾਲ

ਜੋੜਦਾ ਏ  ਅਤੇ ਮਹਿਲਾ ਖੋਜਕਰਤਾਵਾਂ ਅਤੇ ਨਵੀਨਤਾਕਾਰਾਂ ਦੀ ਭੂਮਿਕਾ ਨੂੰ ਮਾਨਤਾ ਦਿੰਦਾ ਏ।

---------------------------------------------------------------------------------

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਨੌਜਵਾਨਾਂ ਨੂੰ ਸਸ਼ਕਤ ਬਣਾਉਣ, ਖੋਜ ਵਾਤਾਵਰਣ ਪ੍ਰਣਾਲੀ ਨੂੰ ਮਜ਼ਬੂਤ ਕਰਨ ਅਤੇ ਰਾਸ਼ਟਰੀ ਵਿਕਾਸ ਅਤੇ ਵਿਸ਼ਵਵਿਆਪੀ ਲਾਭ ਲਈ ਵਿਗਿਆਨ ਅਤੇ ਤਕਨਾਲੋਜੀ ਦੀ ਵਰਤੋਂ ਕਰਨ ਦੇ ਆਪਣੇ ਸੰਕਲਪ ਨੂੰ ਦੁਹਰਾਇਆ। ਰਾਸ਼ਟਰੀ ਵਿਗਿਆਨ ਦਿਵਸ ਮੌਕੇ ਆਪਣੇ ਸੰਦੇਸ਼ ਵਿੱਚ, ਸ਼੍ਰੀ ਮੋਦੀ ਨੇ ਕਿਹਾ ਕਿ ਲੋਕ ਖੋਜ, ਕਾਢਾਂ ਅਤੇ ਵਿਗਿਆਨਕ ਉਤਸੁਕਤਾ ਦੀ ਭਾਵਨਾ ਦਾ ਜਸ਼ਨ ਮਨਾ ਰਹੇ ਨੇ ਜੋ ਦੇਸ਼ ਨੂੰ ਅੱਗੇ ਵਧਾਉਂਦੀ ਏ।   ਗ੍ਰਿਹ ਮੰਤਰੀ ਅਮਿਤ ਸ਼ਾਹ ਨੇ ਰਾਸ਼ਟਰੀ ਵਿਗਿਆਨ ਦਿਵਸ ਮੌਕੇ ਦੇਸ਼ ਦੇ ਵਿਗਿਆਨੀਆਂ ਅਤੇ ਖੋਜਕਰਤਾਵਾਂ ਨੂੰ ਸ਼ੁਭਕਾਮਨਾਵਾਂ ਦਿੱਤੀਆਂ ਨੇ । ਇੱਕ ਸੋਸ਼ਲ ਮੀਡੀਆ ਪੋਸਟ ਵਿੱਚ, ਅਮਿਤ ਸ਼ਾਹ ਨੇ ਕਿਹਾ ਕਿ ਵਿਗਿਆਨੀਆਂ ਦੀ ਨਿਰੰਤਰ ਖੋਜ ਦੇਸ਼ ਦਾ ਮਾਰਗਦਰਸ਼ਨ ਕਰਦੀ ਏ ਅਤੇ ਇੱਕ ਬਿਹਤਰ ਭਵਿੱਖ ਲਈ ਹੱਲ ਤਿਆਰ ਕਰਦੀ ਏ। ਉਨ੍ਹਾਂ ਉਮੀਦ ਪ੍ਰਗਟਾਈ ਕਿ ਇਹ ਦਿਨ ਦੇਸ਼ ਦੇ ਭਵਿੱਖ ਨੂੰ ਆਕਾਰ ਦੇਣ ਲਈ ਨਵੀਨਤਾ ਅਤੇ ਸਿਰਜਣਾ ਦੇ ਉਤਸ਼ਾਹ ਅਤੇ ਸੰਕਲਪ ਨੂੰ ਸੁਰਜੀਤ ਕਰੇਗਾ।

---------------------------------------------------------------------------------

ਚੰਡੀਗੜ੍ਹ ਪ੍ਰਸ਼ਾਸਨ ਕੱਲ ਪਹਿਲੀ ਮਾਰਚ ਨੂੰ ਚੰਡੀਗੜ੍ਹ ਕੌਮਾਂਤਰੀ ਮੈਰਾਥਨ ਦੀ ਮੇਜ਼ਬਾਨੀ ਕਰੇਗਾ,ਜੋ ਸ਼ਹਿਰ ਦੇ ਖੇਡ ਇਤਿਹਾਸ ਵਿੱਚ ਇੱਕ ਇਤਿਹਾਸਕ ਪਲ ਹੋਵੇਗਾ । ਇਸ ਮੈਰਾਥਨ ਨੂੰ ਪੰਜਾਬ ਦੇ ਰਾਜਪਾਲ ਅਤੇ ਕੇਂਦਰ ਸ਼ਾਸਿਤ ਪ੍ਰਦੇਸ਼ ਚੰਡੀਗੜ੍ਹ ਦੇ ਪ੍ਰਸ਼ਾਸਕ ਗੁਲਾਬ ਚੰਦ ਕਟਾਰੀਆ ਰਵਾਨਾ ਕਰਨਗੇ । ਇਸ ਬਾਰੇ ਸ੍ਰੀ ਕਟਾਰੀਆ ਨੇ ਕਿਹਾ ਨੇ ਖੇਡ ਵਿਭਾਗ ਵਲੋਂ ਕਾਰਵਾਈ ਜਾ ਰਹੀ ਇਹ ਮੈਰਾਥਨ ਚੰਡੀਗੜ੍ਹ ਵਿੱਚ ਹੋਣ ਵਾਲੀ ਪਹਿਲੀ ਕੌਮਾਂਤਰੀ ਮੈਰਾਥਨ ਹੋਵੇਗੀ ਅਤੇ ਆਪਣੀ ਕਿਸਮ ਦੀ ਹੁਣ ਤੱਕ ਦੀ ਸਭ ਤੋਂ ਵੱਡੀ ਖੇਡ ਗਤੀਵਿਧੀ ਹੋਵੇਗੀ।

BYTE

ਰਾਜਪਾਲ ਨੂੰ ਅੱਜ ਪੰਜਾਬ ਲੋਕ ਭਵਨ ਵਿਖੇ ਖੇਡ ਵਿਭਾਗ, ਚੰਡੀਗੜ੍ਹ ਪ੍ਰਸ਼ਾਸਨ ਦੇ ਅਧਿਕਾਰੀਆਂ ਵਲੋਂ ਮੈਰਾਥਨ ਦੀ ਅਧਿਕਾਰਤ ਟੀ-ਸ਼ਰਟ ਦਿਤੀ ਗਈ । ਉਨ੍ਹਾਂ ਪ੍ਰਤੀਕਾਤਮਕ ਤੌਰ 'ਤੇ ਟੀ-ਸ਼ਰਟ 1 ਨੰਬਰ ਭੇਟ ਕੀਤੀ ਗਈ, ਜੋ ਕਿ ਲੀਡਰਸ਼ਿਪ ਅਤੇ ਖੇਡ ਭਾਵਨਾ ਪ੍ਰਤੀ ਵਚਨਬੱਧਤਾ ਦਾ ਪ੍ਰਤੀਕ ਏ । ਇਸ ਮੌਕੇ ਉਨ੍ਹਾਂ ਕਿਹਾ ।

BYTE

ਸ੍ਰੀ ਗੁਲਾਬ ਚੰਦ ਕਟਾਰੀਆ, ਆਪਣੀ ਪਤਨੀ, ਸ੍ਰੀਮਤੀ ਅਨੀਤਾ ਕਟਾਰੀਆ ਦੇ ਨਾਲ, 5 ਕਿਲੋਮੀਟਰ ਦੀ ਮੈਰਾਥਨ ਵਿੱਚ ਹਿੱਸਾ ਲੈਣਗੇ, ਜੋ ਨਾਗਰਿਕਾਂ ਨੂੰ ਇੱਕ ਸਿਹਤਮੰਦ ਅਤੇ ਸਰਗਰਮ ਜੀਵਨ ਸ਼ੈਲੀ

ਅਪਣਾਉਣ ਲਈ ਪ੍ਰੇਰਿਤ ਕਰਨਗੇ। "ਦੌੜੋ , ਉੱਠੋ, ਦੁਹਰਾਓ" ਥੀਮ 'ਤੇ ਆਧਾਰਿਤ, ਮੈਰਾਥਨ ਦਾ ਉਦੇਸ਼ ਹਰ ਉਮਰ ਵਰਗ ਦੇ ਲੋਕਾਂ ਨੂੰ ਤੰਦਰੁਸਤੀ, ਲਗਨ ਅਤੇ ਦ੍ਰਿੜਤਾ ਨੂੰ ਅਪਣਾਉਣ ਲਈ ਪ੍ਰੇਰਿਤ ਕਰਨਾ ਏ। ਇਹ ਪ੍ਰੋਗਰਾਮ ਕੱਲ ਸਵੇਰੇ 7 ਵਜੇ ਚੰਡੀਗੜ੍ਹ ਕਲੱਬ, ਸੈਕਟਰ 1 ਤੋਂ ਸ਼ੁਰੂ ਹੋਵੇਗਾ। ਇਸ ਦੌਰਾਨ ਚਾਰ ਪ੍ਰਮੁੱਖ ਸ਼੍ਰੇਣੀਆਂ 42.19 ਕਿਲੋਮੀਟਰ, 21.09 ਕਿਲੋਮੀਟਰ, 10 ਕਿਲੋਮੀਟਰ ਅਤੇ 5 ਕਿਲੋਮੀਟਰ ਵਿੱਚ ਮੁਕਾਬਲਾ ਹੋਣਗੇ। 38 ਕੌਮਾਂਤਰੀ ਐਥਲੀਟਾਂ ਸਮੇਤ 3500 ਤੋਂ ਵੱਧ ਦੌੜਾਕਾਂ ਦੇ ਹਿੱਸਾ ਲੈਣ ਦੀ ਉਮੀਦ ਏ। ਮੈਰਾਥਨ ਲਈ ਕੁੱਲ ਇਨਾਮੀ ਰਕਮ 1 ਕਰੋੜ 16 ਹਜ਼ਾਰ ਰੁਪਏ ਨਿਰਧਾਰਤ ਕੀਤੀ ਗਈ ਏ। ਕੁੱਲ 138 ਜੇਤੂਆਂ ਨੂੰ ਵੱਖ-ਵੱਖ ਵਰਗਾਂ ਵਿੱਚ ਸਨਮਾਨਿਤ ਕੀਤਾ ਜਾਵੇਗਾ। 5 ਕਿਲੋਮੀਟਰ ਦੌੜ ਵਿੱਚ ਭਾਗ ਲੈਣ ਵਾਲਿਆਂ ਨੂੰ ਉਨ੍ਹਾਂ ਦੀ ਭਾਗੀਦਾਰੀ ਲਈ ਮੈਡਲ ਅਤੇ ਸਰਟੀਫਿਕੇਟ ਵੀ ਪ੍ਰਾਪਤ ਹੋਣਗੇ।

--------------------------------------------------------------------------------

ਅੰਮ੍ਰਿਤਸਰ ਕਮਿਸ਼ਨਰੇਟ ਪੁਲਿਸ ਨੇ ਸਰਹੱਦ ਪਾਰੋਂ ਨਸ਼ੀਲੇ ਪਦਾਰਥਾਂ ਅਤੇ ਗੈਰ-ਕਾਨੂੰਨੀ ਹਥਿਆਰਾਂ ਦੀ ਤਸਕਰੀ ਦੇ ਦੋ ਸੰਗਠਿਤ ਮਾਡਿਊਲਾਂ ਦਾ ਪਰਦਾਫਾਸ਼ ਕਰਦਿਆਂ 10 ਵਿਅਕਤੀਆਂ ਨੂੰ 5 ਕਿਲੋ ਤੋਂ ਵੱਧ ਹੈਰੋਇਨ, 3 ਆਧੁਨਿਕ ਪਿਸਤੌਲਾਂ , 34 ਕਾਰਤੂਸ ਅਤੇ 4500 ਰੁਪਏ ਦੀ ਡਰੱਗ ਮਨੀ ਸਮੇਤ ਗ੍ਰਿਫ਼ਤਾਰ ਕੀਤਾ ਏ। ਮੁੱਢਲੀ ਜਾਂਚ ਤੋਂ ਪਤਾ

ਲੱਗਿਆ ਏ ਕਿ ਗ੍ਰਿਫ਼ਤਾਰ ਕੀਤੇ ਗਏ ਮੁਲਜ਼ਮ ਸੋਸ਼ਲ ਮੀਡੀਆ ਪਲੇਟਫਾਰਮਾਂ ਰਾਹੀਂ ਪਾਕਿਸਤਾਨ ਸਥਿਤ ਤਸਕਰਾਂ ਦੇ ਸੰਪਰਕ ਵਿੱਚ ਸਨ। ਪੁਲਿਸ ਸੂਤਰਾਂ ਦਾ ਦਾਅਵਾ ਏ ਕਿ ਹੈਰੋਇਨ ਅਤੇ ਗੈਰ-ਕਾਨੂੰਨੀ ਹਥਿਆਰਾਂ ਨੂੰ ਇੱਕ ਸੁਚੱਜੇ ਢੰਗ ਨਾਲ ਸੰਗਠਿਤ ਨੈੱਟਵਰਕ ਰਾਹੀਂ ਵੱਖ-ਵੱਖ ਥਾਵਾਂ 'ਤੇ ਵੰਡਣ ਲਈ ਭਾਰਤੀ ਖੇਤਰ ਵਿੱਚ ਤਸਕਰੀ ਕੀਤਾ ਜਾ ਰਿਹਾ ਏ । ਇਸ ਮਾਮਲੇ ਕਈ FIR ਦਰਜ ਕੀਤੀਆਂ ਗਈਆਂ ਨੇ ਅਤੇ ਅਗਲੇਰੀ ਜਾਂਚ ਜਾਰੀ ਏ ।

------------------------------------------------------------------------

ਪੰਜਾਬ ਸਰਕਾਰ ਦੇ ਸੈਰ ਸਪਾਟਾ ਅਤੇ ਸੱਭਿਆਚਾਰਕ ਮਾਮਲਿਆਂ ਦੇ ਵਿਭਾਗ ਵੱਲੋਂ ਅੰਮ੍ਰਿਤਸਰ ਦੇ ਰਣਜੀਤ ਐਵੇਨਿਊ ਵਿੱਚ ਆਯੋਜਿਤ ਤਿੰਨ ਦਿਵਸੀ ‘ਰੰਗਲਾ ਪੰਜਾਬ’ ਉਤਸਵ ਦਾ ਕੱਲ ਆਗਾਜ਼ ਹੋਇਆ। ਇਸਦਾ ਉਦਘਾਟਨ ਸੂਬੇ ਦੇ ਲੋਕ ਨਿਰਮਾਣ ਮੰਤਰੀ ਹਰਭਜਨ ਸਿੰਘ ਈਟੀਓ ਨੇ ਕੀਤਾ । ਕੈਬਿਨੇਟ ਮੰਤਰੀ ਨੇ ਕਿਹਾ ਕਿ ਇਸ ਉਤਸਵ ਦਾ ਮੁੱਖ ਮਕਸਦ ਪੰਜਾਬ ਦੀ ਅਮੀਰ ਵਿਰਸੇ, ਰਹਿਣ-ਸਹਿਣ ਅਤੇ ਰਵਾਇਤੀ ਖਾਣ-ਪੀਣ ਨੂੰ ਵਿਸ਼ਵ ਪੱਧਰ ’ਤੇ ਉਤਸ਼ਾਹਿਤ ਕਰਨਾ ਏ । ਉਨ੍ਹਾਂ ਕਿਹਾ ਕਿ ‘ਰੰਗਲਾ ਪੰਜਾਬ’ ਉਤਸਵ ਵਿੱਚ, ਪੰਜਾਬ ਦੀਆਂ ਵੱਖ-ਵੱਖ ਸੱਭਿਆਚਾਰਕ ਝਲਕੀਆਂ ਇੱਕ ਹੀ ਮੰਚ ’ਤੇ ਵੇਖਣ ਨੂੰ ਮਿਲ ਰਹੀਆਂ ਨੇ ।

------------------------------------------------------------------------